ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

• ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਖੇਡਾਂ ਅਨੁਸ਼ਾਸਨ, ਦ੍ਰਿੜਤਾ ਅਤੇ ਟੀਮ ਭਾਵਨਾ ਨੂੰ ਵਿਕਸਤ ਕਰਦੀਆਂ ਨੇ।

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤ੍ਰਿਨੀਦਾਦ ਅਤੇ ਟੋਬੈਗੋ ’ਚ ਭਾਰਤੀ ਮੂਲ ਦੇ ਨਾਗਰਿਕਾਂ ਲਈ ਓ.ਸੀ.ਆਈ. ਕਾਰਡਾਂ ਦਾ ਐਲਾਨ ਕੀਤਾ ਏ।

• ਨੀਤੀ ਆਯੋਗ ਦੇ ਆਸਵੰਦ ਬਲਾਕ ਪ੍ਰੋਗਰਾਮ ’ਚ ਜਲੰਧਰ ਨੇ ਜਿੱਤਿਆ ਪਹਿਲਾ ਇਨਾਮ - ਟਾਪ ਰੈਕਿੰਗ ਪ੍ਰਾਪਤ ਕਰਨ ’ਤੇ ਸ਼ਾਹਕੋਟ ਬਲਾਕ ਨੇ ਹਾਸਲ ਕੀਤੀ ਡੇਢ ਕਰੋੜ ਰੁਪਏ ਦੀ ਪੁਰਸਕਾਰ ਰਾਸ਼ੀ I

• ਪੰਜਾਬ ਪੁਲਿਸ ਨੇ ਇੱਕ ਅੰਤਰ-ਰਾਸ਼ਟਰੀ ਨਾਰਕੋ-ਆਰਮਜ਼ ਮਾਡਿਊਲ ਅਤੇ ਇੱਕ ਅੰਤਰ-ਰਾਜੀ ਨਾਰਕੋ-ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ 9 ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ ।

• ਮੌਸਮ ਵਿਭਾਗ ਵਲੋਂ ਪੰਜਾਬ ਵਿਚ ਅੱਜ ਅਤੇ ਕੱਲ ਕੁਝ ਥਾਵਾਂ 'ਤੇ, ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ I

ਹੁਣ ਖਬਰਾਂ ਵਿਸਥਾਰ ਨਾਲ.....

--------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਡੁਰੰਡ ਕੱਪ ਫੁੱਟਬਾਲ ਟੂਰਨਾਮੈਂਟ 2025 ਦੀ ਟਰਾਫੀ ਦਾ ਉਦਘਾਟਨ ਕੀਤਾ । ਇਸ ਮੌਕੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਖੇਡਾਂ ਅਨੁਸ਼ਾਸਨ, ਦ੍ਰਿੜਤਾ ਅਤੇ ਟੀਮ ਭਾਵਨਾ ਨੂੰ ਵਿਕਸਤ ਕਰਦੀਆਂ ਨੇ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਖੇਡਾਂ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਵਿਕਸਤ ਕਰਨ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਨੇ । BYTE:

--------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤ੍ਰਿਨੀਦਾਦ ਅਤੇ ਟੋਬੈਗੋ ਦੀ ਆਪਣੀ ਫੇਰੀ ਦੌਰਾਨ ਭਾਰਤੀ ਮੂਲ ਦੇ ਨਾਗਰਿਕਾਂ ਲਈ ਓ.ਸੀ.ਆਈ. ਕਾਰਡਾਂ ਦਾ ਐਲਾਨ ਕੀਤਾ ਏ। ਸ਼੍ਰੀ ਮੋਦੀ ਨੇ ਕੈਰੇਬੀਅਨ ਦੇਸ਼ ਨੂੰ ਯੂ.ਪੀ.ਆਈ ਅਦਾਇਗੀ ਪ੍ਰਣਾਲੀ ਅਪਣਾਉਣ ਲਈ ਵਧਾਈ ਦਿੱਤੀ। ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਭਾਰਤੀ ਭਾਈਚਾਰੇ ਦੀ ਯਾਤਰਾ ਹਿੰਮਤ ਨਾਲ ਭਰੀ ਹੋਈ ਏ ।BYTE:

--------------------------------------------------------------------

ਜ਼ਿਲ੍ਹਾ ਜਲੰਧਰ ਨੇ ਇਕ ਮਹੱਤਵਪੂਰਣ ਸਫ਼ਲਤਾ ਹਾਸਿਲ ਕਰਦਿਆਂ ਨੀਤੀ ਆਯੋਗ ਦੇ ਆਸਵੰਦ ਬਲਾਕ ਪ੍ਰੋਗਰਾਮ ਤਹਿਤ ਦੇਸ਼ -ਜ਼ੋਨ II- ਵਿੱਚ ਪਹਿਲਾ ਇਨਾਮ ਹਾਸਿਲ ਕੀਤਾ ਏ , ਜਿਸ ਤਹਿਤ ਬਲਾਕ

ਸ਼ਾਹਕੋਟ ਨੇ ਇਸ ਪ੍ਰਾਜੈਕਟ ਅਧੀਨ ਪ੍ਰਮੁੱਖ ਮਾਪਦੰਡਾਂ ਨੂੰ ਹੋਰ ਬਿਹਤਰ ਬਣਾਉਣ ਲਈ ਡੇਢ ਕਰੋੜ ਰੁਪਏ ਦੀ ਵਿਕਾਸ ਗ੍ਰਾਂਟ ਪ੍ਰਾਪਤ ਕੀਤੀ ਏ ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨੀਤੀ ਆਯੋਗ ਦੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਦੌਰਾਨ ਉਨ੍ਹਾਂ ਨੂੰ ਜ਼ਿਲ੍ਹੇ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ, ਜਿਸ ਵਿੱਚ ਮੁੱਖ ਮਾਪਦੰਡਾਂ ਦੇ ਆਧਾਰ ’ਤੇ ਸ਼ਾਹਕੋਟ ਬਲਾਕ ਦੇ ਪ੍ਰਦਰਸ਼ਨ ਨੂੰ ਉੱਚਾ ਚੁੱਕਣ ਲਈ ਕੀਤੇ ਗਏ ਉਪਰਾਲਿਆਂ ਤੋਂ ਜਾਣੂ ਕਰਵਾਇਆ। ਇਸ ਤੋਂ ਬਾਅਦ ਸ਼ਾਹਕੋਟ ਬਲਾਕ ਨੂੰ ਅਧਿਕਾਰਤ ਤੌਰ ‘ਤੇ ਦੇਸ਼ (ਜ਼ੋਨ II) ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲਾ ਬਲਾਕ ਐਲਾਨਿਆ ਗਿਆ। ਡਾ.ਅਗਰਵਾਲ ਨੇ ਕਿਹਾ ਕਿ ਇਹ ਐਵਾਰਡ ਰਾਸ਼ੀ ਬਲਾਕ ਵਿੱਚ ਸਿਹਤ, ਸਿੱਖਿਆ, ਪੋਸ਼ਣ, ਖੇਤੀਬਾੜੀ ਅਤੇ ਬੁਨਿਆਦੀ ਢਾਂਚੇ ਵਰਗੇ ਵੱਖ-ਵੱਖ ਖੇਤਰਾਂ ਦੇ ਵਿਕਾਸ ’ਤੇ ਖ਼ਰਚ ਕੀਤੀ ਜਾਵੇਗੀ। ਡਾ. ਅਗਰਵਾਲ ਨੇ ਪੰਜਾਬ ਸਰਕਾਰ ਦਾ ਵੀ ਧੰਨਵਾਦ ਕੀਤਾ, ਜਿਸ ਦੀ ਨਿਰੰਤਰ ਅਗਵਾਈ ਅਤੇ ਸਹਿਯੋਗ ਸਦਕਾ ਸ਼ਾਹਕੋਟ ਇਸ ਸਫ਼ਲਤਾ ਨੂੰ ਪ੍ਰਾਪਤ ਕਰਨ ਵਿੱਚ ਕਾਮਯਾਬ ਹੋਇਆ। ਇਸੇ ਤਰ੍ਹਾਂ ਉਨ੍ਹਾਂ ਜਲੰਧਰ ਪ੍ਰਸ਼ਾਸਨ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਟੀਮ ਵਰਕ ਦੀ ਵੀ ਸ਼ਲਾਘਾ ਕੀਤੀ, ਜਿਸ ਦੀ ਬਦੌਲਤ ਇਹ ਸਾਰਥਕ ਨਤੀਜਾ ਸਾਹਮਣੇ ਆ ਸਕਿਆ। ਜ਼ਿਕਰਯੋਗ ਏ ਕਿ ਭਾਰਤ ਸਰਕਾਰ ਵੱਲੋਂ 7 ਜਨਵਰੀ, 2023 ਨੂੰ ਮੁੱਖ ਸਕੱਤਰਾਂ ਦੇ ਦੂਜੇ ਰਾਸ਼ਟਰੀ

ਸੰਮੇਲਨ ਦੌਰਾਨ ਆਸਵੰਦ ਬਲਾਕ  ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਸੀ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਦੇਸ਼ ਦੇ ਸਭ ਤੋਂ ਦੂਰ-ਦੁਰਾਡੇ ਅਤੇ ਪਛੜੇ ਬਲਾਕਾਂ ਵਿੱਚ ਪ੍ਰਸ਼ਾਸਨ ਨੂੰ ਹੋਰ ਬਿਹਤਰ ਬਣਾਉਣਾ ਅਤੇ ਜੀਵਨ ਦੀ ਗੁਣਵੱਤਾ ਨੂੰ ਵਧਾਉਣਾ ਏ ।

---------------------------------------------------------------------

ਲੁਧਿਆਣਾ ਪੱਛਮੀ ਦੇ ਵਿਧਾਇਕ ਸੰਜੀਵ ਅਰੋੜਾ ਨੇ ਅੱਜ ਚੰਡੀਗੜ੍ਹ ਸਥਿਤ ਪੰਜਾਬ ਸਿਵਲ ਸਕੱਤਰੇਤ ਵਿਖੇ ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਸਤਾਹਨ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਵਜੋਂ ਅਹੁਦਾ ਸੰਭਾਲ ਲਿਆ ਏ । ਇਸ ਮੌਕੇ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ਸ੍ਰੀ  ਅਰੋੜਾ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਜ਼ਿਕਰਯੋਗ ਏ ਕਿ ਬੀਤੇ ਦਿਨੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਉਨ੍ਹਾਂ ਨੂੰ ਅਹੁਦੇ ਦੇ ਭੇਦ ਗੁਪਤ ਰੱਖਣ ਦੀ ਸੌਂਹ ਚੁਕਾਈ ਗਈ ਸੀ ।

---------------------------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਟੈਲੀਵਿਜ਼ਨ ਰੇਟਿੰਗ ਏਜੰਸੀਆਂ ਲਈ 2014 ਵਿੱਚ ਜਾਰੀ ਨੀਤੀ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧਾਂ ਦੀ ਤਜਵੀਜ਼

ਕੀਤੀ ਏ । ਤਜਵੀਜ਼ਸ਼ੁਦਾ ਖਰੜੇ 'ਚ ਮੀਡੀਆ ਘਰਾਣਿਆਂ ਲਈ ਕੁਝ ਪਾਬੰਦੀਆਂ ਵਾਲੇ ਪ੍ਰਬੰਧਾਂ ਨੂੰ ਹਟਾ ਦਿੱਤਾ ਗਿਆ ਏ ਤਾਂ ਜੋ ਦੇਸ਼ ਵਿੱਚ ਟੈਲੀਵਿਜ਼ਨ ਦਰਸ਼ਕ ਮਾਪਣ ਸਿਲਸਿਲੇ ਨੂੰ ਲੋਕਤੰਤਰੀ ਅਤੇ ਆਧੁਨਿਕ ਬਣਾਇਆ ਜਾ ਸਕੇ। ਮੌਜੂਦਾ ਸਮੇ ਵਿੱਚ, ਬ੍ਰੌਡਕਾਸਟ ਆਡੀਅੰਸ ਰਿਸਰਚ ਕੌਂਸਲ (BARC) ਟੀ.ਵੀ ਰੇਟਿੰਗ ਪ੍ਰਦਾਨ ਕਰਨ ਵਾਲੀ ਇੱਕੋ ਇੱਕ ਏਜੰਸੀ ਏ । ਤਜਵੀਜ਼ਸ਼ੁਦਾ ਸੋਧਾਂ ਦਾ ਉਦੇਸ਼ ਕਈ ਏਜੰਸੀਆਂ ਨੂੰ ਮੁਕਾਬਲੇ ਲਈ ਉਤਸ਼ਾਹਿਤ ਕਰਨ, ਨਵੀਆਂ ਤਕਨਾਲੋਜੀਆਂ ਲਿਆਉਣ ਅਤੇ ਖਾਸ ਤੌਰ 'ਤੇ ਜੁੜੇ ਟੀਵੀ ਪਲੇਟਫਾਰਮਾਂ ਲਈ ਵਧੇਰੇ ਭਰੋਸੇਮੰਦ ਅਤੇ ਨੁਮਾਇੰਦਗੀ ਡੇਟਾ ਪ੍ਰਦਾਨ ਕਰਨ ਦੀ ਇਜਾਜ਼ਤ ਦੇਣਾ ਏ ।

---------------------------------------------------------------------

ਪੰਜਾਬ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ ਇੱਕ ਅੰਤਰ-ਰਾਸ਼ਟਰੀ ਨਾਰਕੋ-ਆਰਮਜ਼ ਮਾਡਿਊਲ ਅਤੇ ਇੱਕ ਅੰਤਰ-ਰਾਜੀ ਨਾਰਕੋ-ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕਰਦੇ ਹੋਏ 9 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਅੰਮ੍ਰਿਤਸਰ ਵਿੱਚ ਉਨ੍ਹਾਂ ਕੋਲੋਂ ਪੰਜ ਆਧੁਨਿਕ ਪਿਸਤੌਲਾਂ, 9 ਲਖ 70 ਹਜ਼ਾਰ ਰੁਪਏ ਦੀ ਡਰੱਗ ਮਨੀ ਅਤੇ ਇੱਕ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਜ਼ਬਤ ਕੀਤੀ ਗਈ ਏ । ਪੁਲਿਸ ਸੂਤਰਾਂ ਨੇ ਅੱਜ ਖੁਲਾਸਾ ਕੀਤਾ ਕਿ ਹਾਲ ਹੀ ਵਿੱਚ ਮਲੇਸ਼ੀਆ ਤੋਂ ਵਾਪਸ ਆਏ ਦੋ ਵਿਅਕਤੀਆਂ ਸਮੇਤ

ਤਿੰਨ ਮੁਲਜ਼ਮਾਂ ਨੂੰ ਪੰਜ ਆਧੁਨਿਕ ਪਿਸਤੌਲਾਂ ਅਤੇ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਏ।

------------------------------------------------------------------

ਫਰੀਦਕੋਟ ਜ਼ਿਲੇ ਵਿਚ ਔਰਤਾਂ ਖਿਲਾਫ ਅਪਰਾਧ ਬਾਰੇ DSP ਰਾਜਨਪਾਲ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਤਹਿਤ ਦਾ ਮੁਕਦਮਾ ਦਰਜ ਕਰਕੇ ਗਿਰਫ਼ਤਾਰ ਕੀਤਾ ਗਿਆ ਏ । ਜ਼ਿਲੇ ਦੇ ਐਸ.ਐਸ.ਪੀ ਡਾਕਟਰ ਪ੍ਰਗਿਆ ਜੈਨ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿBYTE

------------------------------------------------------------------

ਅੰਮ੍ਰਿਤਸਰ ਦੇ ਮਜੀਠਾ ਸਦਰ ਥਾਣੇ ਦੇ ਬਾਹਰ ਅੱਜ ਇੱਕ ਵਿਅਕਤੀ ਨੇ ਆਪਣੇ ਤਿੰਨ ਪਰਿਵਾਰਕ 'ਤੇ ਗੋਲੀਆਂ ਚਲਾ ਦਿਤੀਆਂ । ਮੁਲਜ਼ਮ ਦੀ ਪਛਾਣ ਸੀ.ਆਰ.ਪੀ.ਐਫ ਦੇ ਸਾਬਕਾ ਸਹਾਇਕ ਕਮਾਂਡੈਂਟ ਤਰਸੇਮ ਸਿੰਘ ਵਜੋਂ ਹੋਈ ਏ,ਜਿਸ ਨੇ ਘਰੇਲੂ ਵਿਵਾਦ ਦੇ ਚਲਦਿਆਂ ਆਪਣੇ ਲਾਈਸੰਸੀ 32 ਬੋਰ ਦੇ ਪਿਸਤੌਲ ਆਪਣੀ ਪਤਨੀ ਤੇ ਪੁੱਤ-ਨੂੰਹ ਨੂੰ ਗੋਲੀਆਂ ਮਾਰੀਆਂ। ਅੰਮ੍ਰਿਤਸਰ ਉੱਤਰੀ ਦੇ ACP ਰਿਸ਼ਭ ਭੋਲਾ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ IBYTE ਪੁਲਿਸ ਨੇ ਮੌਕੇ 'ਤੇ ਹੀ ਮੁਲਜ਼ਮ ਤਰਸੇਮ ਸਿੰਘ ਨੂੰ ਕਾਬੂ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ।

------------------------------------------------------------------

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਆਪਣੀ 50ਵੀਂ ਵਰ੍ਹੇਗੰਢ ਮੌਕੇ

ਬੋਰਡ ਨੇ ਚਮੜੇ ਦੀ ਪ੍ਰੋਸੈਸਿੰਗ ਅਤੇ ਪਲਾਈਵੁੱਡ ਉਦਯੋਗਾਂ ਨਾਲ ਇੱਕ ਵਿਸ਼ੇਸ਼ ਗੱਲਬਾਤ ਸੈਸ਼ਨ ਦੀ ਮੇਜ਼ਬਾਨੀ ਕੀਤੀ। ਬੀਤੇ ਦਿਨੀ ਨੂੰ ਜਲੰਧਰ ਵਿਖੇ ਕਰਵਾਏ ਸਮਾਗਮ ਵਿਚ ਚਮੜੇ ਅਤੇ ਪਲਾਈਵੁੱਡ ਉਦਯੋਗਾਂ ਦੇ ਮਾਹਿਰਾਂ, ਅਕਾਦਮਿਕ ਪੇਸ਼ੇਵਰਾਂ ਦੇ ਨਾਲ-ਨਾਲ, ਟਿਕਾਊ ਅਭਿਆਸਾਂ, ਕਾਡਾਂ ਅਤੇ ਆਪਸੀ ਵਿਕਾਸ 'ਤੇ ਸੂਝ-ਬੂਝ ਸਾਂਝੀ ਕਰਨ ਅਤੇ ਗੱਲਬਾਤ ਨੂੰ ਉਤਸ਼ਾਹਿਤ ਕਰਨ ਲਈ ਇਕੱਠੇ ਕੀਤੇ। ਸੈਸ਼ਨ ਦਾ ਉਦੇਸ਼ ਸਹਿਯੋਗ ਨੂੰ ਮਜ਼ਬੂਤ ਕਰਨਾ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਉਦਯੋਗਿਕ ਤਰੱਕੀ ਲਈ ਰਾਹ ਪੱਧਰਾ ਕਰਨਾ ਸੀ। ਮੁੱਖ ਵਾਤਾਵਰਣ ਇੰਜੀਨੀਅਰ ਡਾ. ਕਰੁਣੇਸ਼ ਗਰਗ  ਨੇ ਬੋਰਡ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ  ਜਿਸ ਵਿੱਚ ਔਨਲਾਈਨ ਸਹਿਮਤੀ ਪ੍ਰਬੰਧਨ ਅਤੇ ਨਿਗਰਾਨੀ ਪ੍ਰਣਾਲੀ ਦਾ ਵਿਕਾਸ ਸ਼ਾਮਲ ਏ ਅਤੇ ਪੰਜਾਬ ਅਜਿਹਾ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ। ਕੇਂਦਰੀ ਚਮੜਾ ਖੋਜ ਸੰਸਥਾ ਦੇ ਮੁੱਖ ਵਿਗਿਆਨੀ ਸ੍ਰੀ ਸੁਧਾਕਰ ਪੀ ਨੇ ਚਮੜੇ ਦੀ ਪ੍ਰੋਸੈਸਿੰਗ ਵਿੱਚ ਸਾਫ਼-ਸੁਥਰੀ ਤਕਨਾਲੋਜੀਆਂ ਅਤੇ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਜਾਣੂ ਕਰਵਾਇਆ। ਐਨ.ਆਈ.ਟੀ ਦੇ ਪ੍ਰੋਫੈਸਰਡਾ. ਰੋਹਿਤ ਮਹਿਰਾ ਨੇ ਚਮੜਾ ਉਦਯੋਗ ਅਤੇ ਵਾਤਾਵਰਣ ਪ੍ਰਭਾਵਾਂ 'ਤੇ ਭਾਸ਼ਣ ਦਿੱਤਾ । ਸਾਰੇ ਹਿੱਸੇਦਾਰ, ਸਨਅੱਤ ਨੁਮਾਇਦੇ  ਅਤੇ ਭਾਈਚਾਰੇ ਦੇ ਮੈਂਬਰ ਇਸ ਚਰਚਾ ਵਿੱਚ ਸ਼ਾਮਲ ਹੋਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵਾਮੀ ਵਿਵੇਕਾਨੰਦ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਮਾਜ ਲਈ, ਉਨ੍ਹਾਂ ਦੇ ਵਿਚਾਰ ਅਤੇ ਦ੍ਰਿਸ਼ਟੀਕੋਣ ਅੱਜ ਵੀ ਸਾਡਾ ਮਾਰਗ-ਦਰਸ਼ਨ ਕਰਦੇ ਨੇ । ਉਨ੍ਹਾਂ ਕਿਹਾ ਕਿ ਸਵਾਮੀ ਵਿਵੇਕਾਨੰਦ ਨੇ ਦੇਸ਼ ਦੇ ਇਤਿਹਾਸ ਅਤੇ ਸੱਭਿਆਚਾਰਕ ਵਿਰਾਸਤ ਪ੍ਰਤੀ ਮਾਣ ਅਤੇ ਆਤਮ-ਵਿਸ਼ਵਾਸ ਦੀ ਭਾਵਨਾ ਪੈਦਾ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ,ਸੇਵਾ ਅਤੇ ਦਇਆ ਦੇ ਮਾਰਗ 'ਤੇ ਚੱਲਣ 'ਤੇ ਜ਼ੋਰ ਦਿੰਦੇ ਸਨ।

---

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੰਤਰ-ਰਾਸ਼ਟਰੀ ਪੰਜਾਬੀ ਬੋਲੀ ਓਲੰਪਿਆਡ ਵਿੱਚ ਭਾਗ ਲੈਣ ਵਾਲੇ ਸਕੂਲੀ ਵਿਦਿਆਰਥੀਆ ਦੇ ਸਨਮਾਨ ਲਈ ਸਮਾਗਮ ਕੀਤਾ ਗਿਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਓਲੰਪਿਆਡ ਵਿੱਚ ਮੱਲਾਂ ਮਾਰਨ ਵਾਲੇ ਸਕੂਲੀ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਸਨਮਾਨ ਕੀਤਾ ਸਰਟੀਫ਼ਿਕੇਟ ਭੇਂਟ ਕੀਤੇ। ਇਹ ਓਲੰਪੀਅਡ ਤਿੰਨ ਪੱਧਰ, ਪ੍ਰਾਇਮਰੀ, ਮਿਡਲ ਅਤੇ ਸੈਕੰਡਰੀ ਵਿੱਚ ਪੰਜਾਬੀ ਓਲੰਪੀਆਡ ਦੀ ਪ੍ਰੀਖਿਆ ਬੋਰਡ ਵੱਲੋਂ ਕਰਵਾਈ ਗਈ ਹੈ ਜਿਸ ਵਿੱਚ 33

ਵਿੱਦਿਆਰਥੀਆਂ ਨੇ ਸਥਾਨ ਹਾਸਿਲ ਕੀਤੇ ਹਨ। ਹਰਜੋਤ ਸਿੰਘ ਬੈਂਸ ਨੇ ਓਲੰਪਿਆਡ ਵਿੱਚ ਭਾਗ ਲੈਣ ਵਾਲੇ ਉਮੀਦਵਾਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਿੱਖਿਆ ਬੋਰਡ ਦਾ ਪੰਜਾਬੀ ਬੋਲੀ ਦੇ ਪ੍ਰਸਾਰ ਲਈ ਇੱਕ ਅਤਿਅੰਤ ਅਹਿਮ ਸ਼ੁਰੂਆਤ ਏ ਅਤੇ ਭਵਿੱਖ ਵਿੱਚ ਸਿੱਖਿਆ ਬੋਰਡ ਵੱਲੋਂ ਪੰਜਾਬੀ ਬੋਲੀ ਤੋਂ ਇਲਾਵਾ ਹੋਰ ਵਿਸ਼ਿਆਂ ਦੇ ਵੀ ਓਲੰਪਿਆਡ ਕਰਵਾਏ ਜਾਣੇ ਚਾਹੀਦੇ ਹਨ।

-----------------------------------------------------------------------

ESIC ਵਿਭਾਗ ਦੇ ਡਾਇਰੈਕਟਰ ਜਨਰਲ ਅਸ਼ੋਕ ਕੁਮਾਰ ਸਿੰਘ ਅਤੇ ਚੀਫ਼ ਇੰਜੀਨੀਅਰ ਲੈਫਟੀਨੈਂਟ ਕਰਨਲ ਸ਼ਿਵ ਸ਼ੰਕਰ ਮੰਡਲ ਨੇ ਲੁਧਿਆਣਾ ਵਿੱਚ ਨਵੇਂ ESIC ਮੈਡੀਕਲ ਕਾਲਜ ਦੀ ਪ੍ਰਗਤੀ ਦਾ ਨਿਰੀਖਣ ਕਰਨ ਲਈ ,ਮੈਡੀਕਲ ਕਾਲਜ ਅਤੇ ਹਸਪਤਾਲ ਦਾ ਦੌਰਾ ਕੀਤਾ। ਉਨ੍ਹਾਂ ਅਧਿਕਾਰੀਆਂ ਨਾਲ ਮਿਲ ਕੇ ਹਰਬਲ ਗਾਰਡਨ ਵਿੱਚ ਇੱਕ ਬੂਟਾ ਲਗਾਇਆ ਅਤੇ ਭਰੋਸਾ ਦਿੱਤਾ ਕਿ ਜ਼ਮੀਨ ਦੀ ਅਲਾਟਮੈਂਟ ਜਲਦੀ ਤੋਂ ਜਲਦੀ ਕੀਤੀ ਜਾਵੇਗੀ।

-----------------------------------------------------------------------

ਪਠਾਨਕੋਟ ਪੁਲਿਸ ਵਲੋਂ ਸੁਜਾਨਪੁਰ ਵਿੱਚ ਇੱਕ ਨਸ਼ਾ ਤਸਕਰ ਦੇ ਘਰ ਨੂੰ ਧਾਇਆ ਗਿਆ ।ਨਸ਼ਾ ਤਸਕਰ ਦੇ ਪਰਿਵਾਰ ਵਿਰੁੱਧ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਕੁੱਲ 27 ਮਾਮਲੇ ਦਰਜ ਹਨ ਅਤੇ ਇਹ

ਨਸ਼ੀਲੇ ਪਦਾਰਥਾਂ ਦਾ ਤਸਕਰ ਗੈਰ-ਕਾਨੂੰਨੀ ਧੰਦੇ ਵਿੱਚ ਸ਼ਾਮਲ ਏ । ਦਲਜਿੰਦਰ ਸਿੰਘ ਢਿੱਲੋਂ ਨੇ ਦਸਿਆ ਕਿ ਤਸਕਰ ਨੇ ਸੁਜਾਨਪੁਰ ਨਗਰ ਕੌਂਸਲ ਅਧੀਨ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਕੇ ਘਰ ਬਣਾਇਆ ਸੀ, ਜਿਸ ਨੂੰ ਪੁਲਿਸ ਨੇ ਢਾਹ ਦਿੱਤਾ ਏ ।

---------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿਚ ਅੱਜ ਅਤੇ ਕੱਲ 5 ਜੁਲਾਈ ਨੂੰ ਕੁਝ ਥਾਵਾਂ 'ਤੇ ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ , ਜਦਕਿ 6 ਅਤੇ 7 ਜੁਲਾਈ ਨੂੰ ਸੂਬੇ ਦੇ ਕਪੂਰਥਲਾ, ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਨਵਾਂ ਸ਼ਹਿਰ 'ਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਜਾਰੀ ਕੀਤਾ ਗਿਆ ਏ ।

---------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਖੇਡਾਂ ਅਨੁਸ਼ਾਸਨ, ਦ੍ਰਿੜਤਾ ਅਤੇ ਟੀਮ ਭਾਵਨਾ ਨੂੰ ਵਿਕਸਤ ਕਰਦੀਆਂ ਨੇ ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤ੍ਰਿਨੀਦਾਦ ਅਤੇ ਟੋਬੈਗੋ 'ਚ ਭਾਰਤੀ ਮੂਲ ਦੇ ਨਾਗਰਿਕਾਂ ਲਈ ਓ.ਸੀ.ਆਈ. ਕਾਰਡਾਂ ਦਾ ਐਲਾਨ ਕੀਤਾ ਏ ।

• ਨੀਤੀ ਆਯੋਗ ਦੇ ਆਸਵੰਦ ਬਲਾਕ ਪ੍ਰੋਗਰਾਮ ’ਚ ਜਲੰਧਰ ਨੇ ਜਿੱਤਿਆ ਪਹਿਲਾ ਇਨਾਮ - ਟਾਪ ਰੈਂਕਿੰਗ ਪ੍ਰਾਪਤ ਕਰਨ ’ਤੇ ਸ਼ਾਹਕੋਟ ਬਲਾਕ ਨੇ ਹਾਸਲ ਕੀਤੀ ਡੇਢ ਕਰੋੜ ਰੁਪਏ ਦੀ ਪੁਰਸਕਾਰ ਰਾਸ਼ੀ I

• ਪੰਜਾਬ ਪੁਲਿਸ ਨੇ ਇੱਕ ਅੰਤਰ-ਰਾਸ਼ਟਰੀ ਨਾਰਕੋ-ਆਰਮਜ਼ ਮਾਡਿਊਲ ਅਤੇ ਇੱਕ ਅੰਤਰ-ਰਾਜੀ ਨਾਰਕੋ-ਹਵਾਲਾ ਸਿੰਡੀਕੇਟ ਦਾ ਪਰਦਾਫਾਸ਼ ਕਰਦਿਆਂ 9 ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ ।

• ਮੌਸਮ ਵਿਭਾਗ ਵਲੋਂ ਪੰਜਾਬ ਵਿਚ ਅੱਜ ਅਤੇ ਕੱਲ ਕੁਝ ਥਾਵਾਂ 'ਤੇ, ਗਰਜ ਨਾਲ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ I

**ਇਸਦੇ ਨਾਲ**

**ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨ ਮਸਕਾਰ !**